# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ : 06-08-2025**

## <u>ਪਹਿਲਾ ਬੁਲੇਟਿਨ ਦੀਆਂ ਖ਼ਾਸ ਖ਼ਬਰਾਂ</u>

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਨਵੀਂ ਦਿੱਲੀ ਵਿੱਚ ਕਰਤਵਯ ਪਥ 'ਤੇ, ਕਰਤਵਯ ਭਵਨ-3 ਦਾ ਉਦਘਾਟਨ ਕੀਤਾ।

- ਭਾਰਤੀ ਰਿਜ਼ਰਵ ਬੈਂਕ ਦੀ ਮੁਦਰਾ ਨੀਤੀ ਕਮੇਟੀ ਨੇ ਅੱਜ ਰੈਪੋ ਦਰ ਨੂੰ 5.5 ਫੀਸਦੀ 'ਤੇ ਬਰਕਰਾਰ ਰੱਖਣ ਦਾ ਫੈਸਲਾ ਕੀਤਾ ਏ।

- ਰਾਸ਼ਟਰੀ ਮਨੁੱਖੀ ਅਧਿਕਾਰ ਕਮਿਸ਼ਨ ਦੇ ਵਿਸ਼ੇਸ਼ ਨਿਗਰਾਨ ਬਾਲਕਿਸ਼ਨ ਗੋਇਲ ਪੰਜਾਬ ਦੇ 6 ਦਿਨਾਂ ਦੌਰੇ 'ਤੇ-ਅੱਜ ਪਠਾਨਕੋਟ ਜ਼ਿਲ੍ਹੇ ਵਿਚ ਕੀਤੀ ਮੀਟਿੰਗ।

- ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਲੋਕਾਂ ਨੂੰ 'ਫੂਡ ਸੇਫਟੀ ਆਨ ਵ੍ਹੀਲਜ਼' ਪਹਿਲਕਦਮੀ ਦਾ ਵੱਧ ਤੋਂ ਵੱਧ ਲਾਭ ਉਠਾਉਣ ਦਾ ਸੱਦਾ ਦਿੱਤਾ ।

- ਹੜ੍ਹਾਂ ਦੇ ਸੰਭਾਵੀ ਖਤਰੇ ਨੂੰ ਵੇਖਦਿਆਂ, ਤਰਨਤਾਰਨ ਪਟਿਆਲਾ ਤੇ ਹੁਸ਼ਿਆਰਪੁਰ ਜ਼ਿਲ੍ਹਾ ਪ੍ਰਸ਼ਾਸਨਾਂ ਵਲੋਂ ਲੋਕਾਂ ਨੂੰ ਸਾਵਧਾਨ ਰਹਿਣ ਦੀ ਅਪੀਲ-ਸੂਚਨਾ ਦੇਣ ਲਈ ਸਰਕਾਰ ਨੇ ਕੰਟਰੋਲ ਰੂਮ ਨੰਬਰ- 0172-2741-803 ਕਾਇਮ ਕੀਤਾ ।

**ਹੁਣ ਖ਼ਬਰਾਂ ਵਿਸਥਾਰ ਨਾਲ.....**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਨਵੀਂ ਦਿੱਲੀ ਵਿੱਚ ਕਰਤਵਯ ਪਥ 'ਤੇ ਕਰਤਵਯ ਭਵਨ-3 ਦਾ ਉਦਘਾਟਨ ਕੀਤਾ । ਉਨ੍ਹਾਂ ਨੇ ਨਵੀਂ ਇਮਾਰਤ ਦਾ ਨਿਰੀਖਣ ਕੀਤਾ ਅਤੇ ਇਸ ਦੀਆਂ ਵਿਸ਼ੇਸ਼ਤਾਵਾਂ ਬਾਰੇ ਪੁੱਛ-ਗਿੱਛ ਕੀਤੀ । ਇਸ ਮੌਕੇ 'ਤੇ ਕੇਂਦਰੀ ਮਕਾਨ ਅਤੇ ਸ਼ਹਿਰੀ ਵਿਕਾਸ ਮੰਤਰੀ ਮਨੋਹਰ ਲਾਲ ਮੌਜੂਦ ਸਨ । ਇਹ ਇਮਾਰਤ ਸੈਂਟਰਲ ਵਿਸਟਾ ਪ੍ਰੋਜੈਕਟ ਦਾ ਹਿੱਸਾ ਏ । ਇਹ ਆਉਣ ਵਾਲੇ ਸਾਂਝੇ ਕੇਂਦਰੀ ਸਕੱਤਰੇਤ

ਦੀਆਂ ਕਈ ਇਮਾਰਤਾਂ ਵਿੱਚੋਂ ਪਹਿਲੀ ਏ । ਇਸਦਾ ਉਦੇਸ਼ ਪ੍ਰਸ਼ਾਸਨਿਕ ਪ੍ਰਕਿਰਿਆ ਨੂੰ ਸੁਚਾਰੂ ਬਣਾਉਣਾ ਅਤੇ ਸ਼ਾਸਨ ਨੂੰ ਹੋਰ ਕੁਸ਼ਲ ਬਣਾਉਣਾ ਏ । ਕਰਤਵਯ ਭਵਨ-3 ਲਗਭਗ ਡੇਢ  ਲੱਖ ਵਰਗ ਮੀਟਰ ਦਾ ਇੱਕ ਅਤਿ-ਆਧੁਨਿਕ ਦਫ਼ਤਰੀ ਕੰਪਲੈਕਸ ਹੈ, ਜਿਸ ਵਿੱਚ ਗ੍ਰਹਿ, ਵਿਦੇਸ਼, ਪੇਂਡੂ ਵਿਕਾਸ, MSME, ਪੈਟਰੋਲੀਅਮ ਅਤੇ ਕੁਦਰਤੀ ਗੈਸ, ਅਮਲਾ ਅਤੇ ਸਿਖਲਾਈ ਵਿਭਾਗ ਅਤੇ ਪ੍ਰਮੁੱਖ ਵਿਗਿਆਨਕ ਸਲਾਹਕਾਰ ਵਰਗੇ ਮੁੱਖ ਮੰਤਰਾਲਿਆਂ ਦੇ ਦਫ਼ਤਰ ਹੋਣਗੇ। ਇਹ ਨਵੀਂ ਇਮਾਰਤ ਆਧੁਨਿਕ ਪ੍ਰਸ਼ਾਸਕੀ ਢਾਂਚੇ ਦਾ ਪ੍ਰਤੀਕ ਹੈ। ਇਹ ਛੱਤ 'ਤੇ ਸੋਲਰ, ਸੋਲਰ ਵਾਟਰ ਹੀਟਿੰਗ, ਵੈਂਟੀਲੇਸ਼ਨ ਅਤੇ ਏਅਰ ਕੰਡੀਸ਼ਨਿੰਗ ਸਿਸਟਮ ਅਤੇ ਮੀਂਹ ਦੇ ਪਾਣੀ ਦੀ ਸੰਭਾਲ ਦੇ ਨਾਲ ਸਾਹਿਤ ਵਿੱਚ ਵੀ ਮੋਹਰੀ ਹੋਵੇਗੀ। ਕਰਤਵਯ ਭਵਨ ਦੀ ਛੱਤ 'ਤੇ ਲਗਾਏ ਗਏ ਸੋਲਰ ਪੈਨਲ ਹਰ ਸਾਲ 5 ਲੱਖ ਯੂਨਿਟ ਤੋਂ ਵੱਧ ਬਿਜਲੀ ਪੈਦਾ ਕਰਨਗੇ। ਇਹ ਇਮਾਰਤ ਵਾਤਾਵਰਣ ਜਾਗਰੂਕਤਾ ਨੂੰ ਵੀ ਉਤਸ਼ਾਹਿਤ ਕਰੇਗੀ।

---------------------------------------------------------------------------

ਭਾਰਤੀ ਰਿਜ਼ਰਵ ਬੈਂਕ ਦੀ ਮੁਦਰਾ ਨੀਤੀ ਕਮੇਟੀ ਨੇ ਅੱਜ ਰੈਪੋ ਦਰ ਨੂੰ 5.5 ਫੀਸਦੀ  'ਤੇ ਬਰਕਰਾਰ ਰੱਖਣ ਦਾ ਫੈਸਲਾ ਕੀਤਾ ਏ ।

ਜੀ.ਡੀ.ਪੀ ਵਿਕਾਸ ਅਨੁਮਾਨ 6.5 ਫੀਸਦੀ 'ਤੇ ਬਰਕਰਾਰ ਰੱਖਿਆ ਗਿਆ ਏ ।

## ਇਕ ਰਿਪੋਰਟ :-

ਇਹ ਫੈਸਲਾ ਫਰਵਰੀ ਤੋਂ ਲੈ ਕੇ ਆਉਣ ਵਾਲੇ ਤਿਉਹਾਰਾਂ ਤੋਂ ਪਹਿਲਾਂ 100 ਆਧਾਰ ਅੰਕਾਂ ਦੀ ਕਟੌਤੀ ਤੋਂ ਬਾਅਦ ਲਿਆ ਗਿਆ ਏ । ਭਾਰਤੀ ਦਰਾਮਦ 'ਤੇ ਅਮਰੀਕੀ ਟੈਰਿਫ ਦੇ ਬਾਵਜੂਦ, ਸਿਖਰਲੇ ਬੈਂਕ ਨੇ ਵਿੱਤੀ ਸਾਲ 2025-26 ਲਈ ਜੀ.ਡੀ.ਪੀ ਵਿਕਾਸ ਅਨੁਮਾਨ 6.5 ਫੀਸਦੀ 'ਤੇ ਬਰਕਰਾਰ ਰੱਖਿਆ ਏ । ਮੌਜੂਦਾ ਵਿੱਤੀ ਸਾਲ ਲਈ ਮਹਿੰਗਾਈ 3.1 ਫੀਸਦੀ ਰਹਿਣ ਦਾ ਅਨੁਮਾਨ ਏ । ਇਹ ਜੂਨ ਦੇ 3.7 ਫੀਸਦੀ ਦੇ ਅਨੁਮਾਨ ਤੋਂ ਘੱਟ ਏ । ਹਾਲਾਂਕਿ, ਆਉਣ ਵਾਲੇ ਵਿੱਤੀ ਸਾਲ 2026-27 ਵਿੱਚ ਖਪਤਕਾਰ ਮੁੱਲ ਸੂਚਕ ਅੰਕ - ਸੀ.ਪੀ.ਆਈ ਦੇ 4.9 ਫੀਸਦੀ ਤੱਕ ਪਹੁੰਚਣ ਦੀ ਉਮੀਦ ਏ । ਮੁਦਰਾ ਨੀਤੀ ਕਮੇਟੀ ਦੀ ਮੀਟਿੰਗ 4 ਤੋਂ 6 ਅਗਸਤ ਦੇ ਵਿਚਕਾਰ ਹੋਈ।

---------------------------------------------------------------------------------

ਰਾਸ਼ਟਰੀ ਮਨੁੱਖੀ ਅਧਿਕਾਰ ਕਮਿਸ਼ਨ ਦੇ ਵਿਸ਼ੇਸ਼ ਨਿਗਰਾਨ ਬਾਲਕਿਸ਼ਨ ਗੋਇਲ ਨੇ ਪਠਾਨਕੋਟ ਜ਼ਿਲ੍ਹੇ ਦੇ ਸਿਵਲ ਹਸਪਤਾਲ ਪਠਾਨਕੋਟ, ਆਂਗਣਵਾੜੀ ਕੇਂਦਰਾਂ ਅਤੇ ਸਕੂਲਾਂ ਦਾ ਦੌਰਾ ਕੀਤਾ ਅਤੇ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਦੀ ਜਾਂਚ ਕੀਤੀ। ਉਨ੍ਹਾਂ ਸਿਵਲ ਹਸਪਤਾਲ ਪਠਾਨਕੋਟ ਵਿਖੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਅਤੇ ਸਰਕਾਰ ਵੱਲੋਂ ਜਾਰੀ ਸਕੀਮ ਦਫ਼ਤਰ ਦਾ ਜਾਇਜ਼ਾ ਲਿਆ। ਇਸ ਦੌਰਾਨ ਅਧਿਕਾਰੀਆਂ ਨੂੰ ਹਸਪਤਾਲ ਵਿੱਚ ਪਾਈਆਂ ਗਈਆਂ ਕਮੀਆਂ ਨੂੰ ਦੂਰ ਕਰਨ ਲਈ ਨਿਰਦੇਸ਼ ਜਾਰੀ ਕੀਤੇ । ਉਹ ਪੰਜਾਬ ਦੇ 6 ਦਿਨਾਂ ਦੌਰੇ 'ਤੇ

ਆਏ ਨੇ । ਉਨ੍ਹਾਂ ਦੱਸਿਆ ਕਿ ਕਮਿਸ਼ਨ ਦਾ ਮੁੱਖ ਉਦੇਸ਼ ਜ਼ਮੀਨੀ ਪੱਧਰ 'ਤੇ ਜਾ ਕੇ ਲੋਕਾਂ ਨੂੰ ਉਪਲਬਧ ਸਹੂਲਤਾਂ ਅਤੇ ਯੋਜਨਾਵਾਂ ਦੀ ਜਾਂਚ ਕਰਨਾ ਏ ਤਾਂ ਜੋ ਇਹ ਪਤਾ ਲਗਾਇਆ ਜਾ ਸਕੇ ਕਿ ਲੋਕਾਂ ਨੂੰ ਇਹ ਸਹੀ ਢੰਗ ਨਾਲ ਮਿਲ ਰਹੀਆਂ ਹਨ ਜਾਂ ਨਹੀਂ। ਇਸ ਦੇ ਨਾਲ ਹੀ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਦੀ ਵੀ ਜਾਂਚ ਅਤੇ ਉਸ 'ਤੇ ਸਖ਼ਤ ਕਾਰਵਾਈ ਵੀ ਕੀਤੀ ਜਾਂਦੀ ਏ । ਉਨ੍ਹਾਂ ਦੱਸਿਆ ਕਿ ਉਨ੍ਹਾਂ ਦੇ ਦੌਰੇ ਦੀ ਵਿਸਥਾਰਤ ਰਿਪੋਰਟ ਚੇਅਰਮੈਨ ਨੂੰ ਸੌਂਪੀ ਜਾਵੇਗੀ। ਇਸ ਤੋਂ ਬਾਅਦ, ਕਾਰਵਾਈ ਲਈ ਰਾਜ ਮਨੁੱਖੀ ਅਧਿਕਾਰ ਕਮਿਸ਼ਨ ਨੂੰ ਇੱਕ ਰਿਪੋਰਟ ਭੇਜੀ ਜਾਵੇਗੀ ਤਾਂ ਜੋ ਲੋਕਾਂ ਨੂੰ ਉਪਲਬਧ ਸਹੂਲਤਾਂ ਵਿੱਚ ਸੁਧਾਰ ਕੀਤਾ ਜਾ ਸਕੇ।

---------------------------------------------------------------------------

ਸੂਬੇ ਦੇ ਲੋਕਾਂ ਨੂੰ ਸੁਰੱਖਿਅਤ ਭੋਜਨ ਯਕੀਨੀ ਬਣਾਉਣ ਦੀ ਵਚਨਬੱਧਤਾ ਦੀ ਪੁਸ਼ਟੀ ਕਰਦਿਆਂ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਲੋਕਾਂ ਨੂੰ 'ਫੂਡ ਸੇਫਟੀ ਆਨ ਵ੍ਹੀਲਜ਼' ਪਹਿਲਕਦਮੀ ਦਾ ਵੱਧ ਤੋਂ ਵੱਧ ਲਾਭ ਉਠਾਉਣ ਲਈ ਕਿਹਾ, ਜਿਸਦਾ ਵਿਸਥਾਰ ਹੁਣ ਸਾਰੇ ਜ਼ਿਲ੍ਹਿਆਂ ਵਿੱਚ ਹੋ ਗਿਆ ਏ ।ਜ਼ਿਕਰਯੋਗ ਏ ਕਿ 'ਫੂਡ ਸੇਫਟੀ ਆਨ ਵ੍ਹੀਲਜ਼' ਮੋਬਾਈਲ ਫੂਡ

ਟੈਸਟਿੰਗ ਵੈਨਾਂ ਨੇ ਜੋ ਦੁੱਧ, ਪਨੀਰ, ਪਾਣੀ ਅਤੇ ਹੋਰ ਰੋਜ਼ਾਨਾ ਵਰਤੋਂ ਵਾਲੀਆਂ ਚੀਜ਼ਾਂ ਸਮੇਤ ਭੋਜਨ ਦੀਆਂ ਪ੍ਰਮੁੱਖ ਸ਼੍ਰੇਣੀਆਂ ਵਿੱਚ ਮਿਲਾਵਟ ਦੀ ਜਾਂਚ ਲਈ ਲੈਸ ਨੇ ।ਉਨ੍ਹਾਂ ਕਿਹਾ ਕਿ ਇਹ ਵੈਨਾਂ ਭੋਜਨ ਵਿੱਚ ਮਿਲਾਵਟਖੋਰੀ ਵਿਰੁੱਧ ਲੜਾਈ ਵਿੱਚ ਇੱਕ ਮਹੱਤਵਪੂਰਨ ਸਾਧਨ ਨੇ ।ਪੰਜਾਬ ਸਰਕਾਰ ਦੇ ਸੱਤਾ ਵਿੱਚ ਆਉਣ ਤੋਂ ਬਾਅਦ, ਵਿਭਾਗ ਵੱਲੋਂ ਕੁੱਲ 18,559 ਇਨਫੋਰਸਮੈਂਟ ਸੈਂਪਲ ਅਤੇ 12,178 ਨਿਗਰਾਨੀ ਸੈਂਪਲ ਲਏ ਗਏ ਹਨ। ਇਸ ਤੋਂ ਇਲਾਵਾ, ਫੂਡ ਸੇਫਟੀ ਔਨ ਵ੍ਹੀਲਜ਼ 'ਤੇ ਮਿਲਾਵਟਖੋਰੀ ਲਈ ਹੁਣ ਤੱਕ 13,000 ਤੋਂ ਵੱਧ ਸੈਂਪਲਾਂ ਦੀ ਜਾਂਚ ਕੀਤੀ ਗਈ ਏ , ਉਨ੍ਹਾਂ ਕਿਹਾ ਕਿ ਪ੍ਰਮੁੱਖ ਸ਼੍ਰੇਣੀਆਂ ਵਿੱਚ ਪਨੀਰ, ਘਿਓ, ਦੁੱਧ, ਮਸਾਲੇ, ਫਲ ਅਤੇ ਸਬਜ਼ੀਆਂ, ਮਿਠਾਈਆਂ, ਖੋਆ ਸ਼ਾਮਲ ਹਨ।

---------------------------------------------------------------------

ਹਰੀਕੇ ਸਤਲੁਜ ਦਰਿਆ ਦੇ ਵਿੱਚ ਪਾਣੀ ਦਾ ਪੱਧਰ ਵਧਣ ਕਾਰਨ ਲੋਕਾਂ ਨੂੰ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਏ। ਜ਼ਿਲ੍ਹਾ ਤਰਨ ਤਾਰਨ ਦੇ ਵਿਧਾਨ ਸਭਾ ਹਲਕਾ ਪੱਟੀ ਦੇ ਅਧੀਨ ਪੈਂਦੇ ਕਸਬਾ ਹਰੀਕੇ ਤੋਂ ਥੋੜੀ

ਹੀ ਦੂਰ ਘੜੂਮ ਬੰਨ ਦੇ ਦਰਿਆ  ਵਿੱਚ ਪਾਣੀ ਦਾ ਪੱਧਰ ਵਧਣ ਕਾਰਨ ਪਿੰਡ ਫੁੱਲਾਂ ਵਾਲੀ ਬਸਤੀ ਪਿੰਡ ਘੜੋਮ ਗੱਟੀ ਬਾਦਸ਼ਾਹ ਵਿੱਚ ਪਾਣੀ ਘਰਾਂ ਤਕ ਪੁਹੰਚ ਗਿਆ ਏ । ਲੋਕ ਨੇ ਸਰਕਾਰ ਤੋਂ ਮੰਗ ਕੀਤੀ ਏ ਕਿ ਓਹਨਾਂ ਦੀ ਮਦਦ ਕੀਤੀ ਜਾਵੇ   ਓਧਰ ਘੱਗਰ ਨਦੀ ਦੇ ਨਾਲ ਲਗਦੇ ਖੇਤਰ ਵਿੱਚ ਪਏ ਭਾਰੀ ਮੀਂਹ ਕਾਰਨ ਪਟਿਆਲਾ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਰਾਜਪੁਰਾ ਸਬ ਡਵੀਜ਼ਨ ਦੇ ਘੱਗਰ ਨੇੜੇ ਪੈਂਦੇ ਕੁਝ ਪਿੰਡਾਂ ਦੇ ਵਸਨੀਕਾਂ ਨੂੰ ਸਾਵਧਾਨ ਰਹਿਣ ਦੀ ਅਪੀਲ ਕੀਤੀ ਗਈ ਏ। ਰਾਜਪੁਰਾ ਦੇ ਐਸ ਡੀ ਐਮ ਅਵਿਕੇਸ਼ ਗੁਪਤਾ ਵੱਲੋਂ ਜਾਰੀ ਸਲਾਹ ਮੁਤਾਬਕ ਪਿੰਡਾਂ ਊਂਟਸਰ, ਨਨਹੇੜੀ, ਸੰਜਰਪੁਰ, ਲਾਛੜੂ, ਕਮਾਲਪੁਰ, ਰਾਮਪੁਰ, ਸੌਂਟਾ, ਮਾੜੂ ਅਤੇ ਚਮਾਰੂ ਸਮੇਤ ਨੇੜਲੇ ਇਲਾਕਿਆਂ ਦੇ ਵਸਨੀਕ ਸੁਚੇਤ ਰਹਿਣ ਤੇ ਘੱਗਰ ਨੇੜੇ ਨਾ ਜਾਣ। ਕਿਸੇ ਸੂਚਨਾ ਲਈ ਰਾਜਪੁਰਾ ਦੇ ਹੜ ਕੰਟਰੋਲ ਰੂਮ ਦੇ ਨੰਬਰ 01762-224132 ‘ਤੇ ਸੰਪਰਕ ਕੀਤਾ ਜਾ ਸਕਦਾ ਏ। ਇਸ ਤੋਂ ਇਲਾਵਾ ਪਿੰਡ ਭਸਮੜਾ ਅਤੇ ਜਲਾਹਖੇੜੀ, ਪਿੰਡ ਹਡਾਣਾ, ਪੁਰ ਅਤੇ ਸਿਰ-ਕੱਪੜਾ ਦੇ ਵਸਨੀਕਾਂ ਨੂੰ ਵੀ ਸੁਚੇਤ ਰਹਿਣ ਦੀ ਅਪੀਲ ਕੀਤੀ ਗਈ ਏ। ਜ਼ਿਲ੍ਹਾ ਪ੍ਰਸ਼ਾਸ਼ਨ ਨੇ ਕਿਹਾ ਕਿ  ਜ਼ਿਆਦਾ ਪਾਣੀ

ਆਉਣ ਦੀ ਸੂਰਤ ਵਿਚ ਕੰਟਰੋਲ ਰੂਮ ਨੰਬਰ 0175-235-055-0 ਉਪਰ ਸੂਚਿਤ ਕੀਤਾ ਜਾਵੇ। ਓਧਰ ਤਲਵਾੜਾ ਨੇੜੇ ਪੌਂਗ ਡੈਮ ਵਿੱਚ ਪਾਣੀ ਦਾ ਪੱਧਰ ਖ਼ਤਰੇ ਦੇ ਨੇੜੇ ਪਹੁੰਚਣ ਕਾਰਨ, ਡੈਮ ਦੇ ਸਪਿਲ-ਵੇਅ ਗੇਟ ਸ਼ਾਮ ਨੂੰ ਖੋਲ੍ਹੇ ਜਾ ਰਹੇ ਨੇ ਅਤੇ ਪਾਣੀ ਬਿਆਸ ਦਰਿਆ ਵਿੱਚ ਛੱਡਿਆ ਜਾਵੇਗਾ। ਇਸ ਬਾਰੇ,ਭਾਖੜਾ ਬਿਆਸ ਪ੍ਰਬੰਧਾਂ ਬੋਰਡ ਦੇ ਮੁੱਖ ਇੰਜੀਨੀਅਰ ਰਾਕੇਸ਼ ਗੁਪਤਾ ਨੇ ਵਧੇਰੇ ਜਾਣਕਾਰੀ ਦਿੰਦਿਆਂ ਦਸਿਆ ।

**BYTE**

ਇਸਤੋਂ ਇਲਾਵਾ ਬਾਕੀ ਖੇਤਰਾਂ ਵਿਚ ਕੀਤੇ ਵੀ ਹੜ ਦਾ ਪਾਣੀ ਆਉਣ ਬਾਰੇ ਸੂਚਨਾ ਦੇਣ ਲਈ ਵਿਭਾਗ ਵਲੋਂ ਕੰਟਰੋਲ ਰੂਮ ਸਥਾਪਿਤ ਕੀਤਾ ਏ - ਜਿਸਦੇ ਨੰਬਰ ਨੇ 0172-2741-803 ਅਤੇ 274-9901 ਲੋਕ ਕਿਸੇ ਵੀ ਹੰਗਾਮੀ ਸਥਿਤੀ ਵਿਚ ਇਨਾ ਨੰਬਰਾਂ ਤੇ ਸੂਚਨਾ ਦੇ ਸਕਦੇ ਨੇ।

---

ਚੰਡੀਗੜ੍ਹ ਸਤੀਥ ਪੰਜਾਬ ਯੂਨੀਵਰਸਿਟੀ ਦੀ ਐਨ ਐਸ ਐਸ ਇਕਾਈ ਨੇ ਅੱਜ ਵਿਕਸਿਤ ਭਾਰਤ ਯੁਵਾ ਕਨੈਕਟ ਪ੍ਰੋਗਰਾਮ ਦੇ ਬੈਨਰ ਹੇਠ 'ਹਰ ਘਰ ਤਿਰੰਗਾ' ਮੁਹਿੰਮ ਦਾ ਆਯੋਜਨ ਕੀਤਾ। ਇਹ ਮੁਹਿੰਮ ਭਾਰਤ

ਸਰਕਾਰ ਦੇ ਯੁਵਾ ਭਲਾਈ ਅਤੇ ਖੇਡ ਮੰਤਰਾਲੇ ਦੀ ਇੱਕ ਪਹਿਲਕਦਮੀ। ਯੂਨੀਵਰਸਿਟੀ ਅਤੇ ਵੱਖ-ਵੱਖ ਮਾਨਤਾ ਪ੍ਰਾਪਤ ਕਾਲਜਾ ਦੇ 155 ਉਤਸ਼ਾਹੀ ਐਨਐਸਐਸ ਵਲੰਟੀਅਰਾਂ ਨੇ ਇਸ ਪ੍ਰੋਗਰਾਮ ਵਿੱਚ ਹਿੱਸਾ ਲਿਆ। ਪੰਜਾਬ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ ਰੇਣੂ ਵਿਗ ਨੇ ਵਿਦਿਆਰਥੀਆਂ ਨੂੰ ਇੱਕ ਪ੍ਰੇਰਨਾਦਾਇਕ ਭਾਸ਼ਣ ਵਿੱਚ ਦੇਸ਼ ਦੇ ਭਵਿੱਖ ਨੂੰ ਆਕਾਰ ਦੇਣ ਵਿੱਚ ਨੌਜਵਾਨਾਂ ਦੀ ਮਹੱਤਵਪੂਰਨ ਭੂਮਿਕਾ 'ਤੇ ਜ਼ੋਰ ਦਿੱਤਾ । ਓਹਨਾ ਸਾਰੇ ਵਿਦਿਆਰਥੀ ਵਲੰਟੀਅਰਾਂ ਨੂੰ 'ਮਾਈ ਭਾਰਤੀ ਪੋਰਟਲ 'ਤੇ ਰਜਿਸਟਰ ਕਰਨ ਦਾ ਸੱਦਾ ਦਿੱਤਾ । ਇਹ ਇੱਕ ਰਾਸ਼ਟਰੀ ਡਿਜੀਟਲ ਪਲੇਟਫਾਰਮ ਏ ਜੋ ਨੌਜਵਾਨਾਂ ਨੂੰ ਵਿਕਾਸ ਦੀਆਂ ਪਹਿਲਕਦਮੀਆਂ ਵਿੱਚ ਸ਼ਾਮਲ ਕਰਨ ਲਈ ਬਣਾਇਆ ਗਿਆ ਏ।

---------------------------------------------------------

ਦੋ ਪੰਜਾਬ ਐਨ.ਸੀ.ਸੀ. ਬਟਾਲੀਅਨ ਨੇ "ਏਕ ਪੇੜ ਮਾਂ ਕੇ ਨਾਮ" ਮੁਹਿੰਮ ਤਹਿਤ ਜਲੰਧਰ ਦੇ ਵੱਖ-ਵੱਖ ਕਾਲਜਾਂ ਅਤੇ ਸਕੂਲਾਂ ਵਿੱਚ ਵੱਡੇ ਪੱਧਰ 'ਤੇ ਰੁੱਖ ਲਾਉਣ ਦੀ ਮੁਹਿੰਮ ਦੇ ਦੂਜੇ ਗੇੜ ਦੀ ਸ਼ੁਰੂਆਤ ਕੀਤੀ ਏ। ਐਨ.ਸੀ.ਸੀ ਕੈਡਿਟਾਂ, ਫੈਕਲਟੀ ਮੈਂਬਰਾਂ ਅਤੇ ਵਿਦਿਆਰਥੀਆਂ ਨੇ ਇਸ

ਪਹਿਲਕਦਮੀ ਵਿੱਚ ਵੱਧ-ਚੜ੍ਹ ਕੇ ਹਿੱਸਾ ਲਿਆ, ਜੋ ਕਿ ਵਾਤਾਵਰਣ ਸਥਿਰਤਾ ਅਤੇ ਭਾਈਚਾਰਕ ਸ਼ਮੂਲੀਅਤ ਪ੍ਰਤੀ ਸੰਗਠਨ ਦੀ ਵਚਨਬੱਧਤਾ ਨੂੰ ਦਰਸਾਉਂਦਾ ਏ। ਬਟਾਲੀਅਨ ਨੇ ਵੱਖ-ਵੱਖ ਕਾਲਜਾਂ ਨੂੰ ਇੱਕ ਹਜ਼ਾਰ ਬੂਟੇ ਵੰਡੇ। ਇਹ ਬੂਟੇ ਕਾਲਜਾਂ ਵਿੱਚ, ਵੱਖ-ਵੱਖ ਥਾਵਾਂ 'ਤੇ ਲਗਾਏ ਜਾਣਗੇ । ਬਟਾਲੀਅਨ ਦੇ ਕਮਾਂਡਿੰਗ ਅਫ਼ਸਰ ਕਰਨਲ ਵਿਨੋਦ ਜੋਸ਼ੀ ਇਸ ਮੁਹਿੰਮ ਦਾ ਉਦੇਸ਼ ਨੌਜਵਾਨ ਨੂੰ ਟਿਕਾਊ ਅਭਿਆਸਾਂ ਵਿੱਚ ਸ਼ਾਮਲ ਕਰਕੇ ਵਾਤਾਵਰਣ ਪ੍ਰਤੀ ਜ਼ਿੰਮੇਵਾਰੀ ਦੀ ਭਾਵਨਾ ਨੂੰ ਉਤਸ਼ਾਹਿਤ ਕਰਨਾ ਏ । ਰੁੱਖ ਲਗਾਉਣਾ ਹਰੇਕ ਕੈਡੇਟ ਅਤੇ ਵਿਅਕਤੀ ਦਾ ਨੈਤਿਕ ਫਰਜ਼ ਏ , ਅਤੇ ਇਹ ਪਹਿਲ ਉਨ੍ਹਾਂ ਨੂੰ ਵਾਤਾਵਰਣ ਸੰਭਾਲ ਵਿੱਚ ਸਰਗਰਮ ਭੂਮਿਕਾ ਨਿਭਾਉਣ ਲਈ ਉਤਸ਼ਾਹਿਤ ਕਰਦੀ ਏ ।ਸਾਰੇ ਭਾਗ ਲੈਣ ਵਾਲੇ ਕਾਲਜਾਂ ਨੂੰ 2 ਪੰਜਾਬ ਐਨ.ਸੀ.ਸੀ. ਵਲੋਂ ਸਨਮਾਨਿਤ ਕੀਤਾ ਗਿਆ।

---------------------------------------------------------------

ਪੰਜਾਬ ਦੇ ਵਿੱਤ ਮੰਤਰੀ ਅਤੇ ਕਰਮਚਾਰੀਆਂ ਦੇ ਮਸਲਿਆਂ ਦੇ ਹੱਲ ਲਈ ਕੈਬਨਿਟ ਸਬ-ਕਮੇਟੀ ਦੇ ਚੇਅਰਮੈਨ ਐਡਵੋਕੇਟ ਹਰਪਾਲ ਸਿੰਘ

ਚੀਮਾ ਨੇ ਅੱਜ ਪੰਜ ਕਰਮਚਾਰੀ ਜਥੇਬੰਦੀਆਂ ਨਾਲ ਮੀਟਿੰਗ ਕਰਕੇ ਉਨ੍ਹਾਂ ਦੀਆਂ ਮੰਗਾਂ ਨੂੰ ਗੌਰ ਨਾਲ ਸੁਣਿਆ ਤਾਂ ਜੋ ਜਾਇਜ਼ ਮੰਗਾਂ ਦਾ ਜਲਦੀ ਹੱਲ ਕੱਢਿਆ ਜਾ ਸਕੇ। ਪੰਜਾਬ ਸਿਵਲ ਸਕੱਤਰੇਤ ਵਿਖੇ ਵਿੱਤ ਮੰਤਰੀ ਦੇ ਦਫ਼ਤਰ ਵਿਖੇ ਹੋਈਆਂ ਮੀਟਿੰਗਾਂ ਵਿੱਚ ਪੰਜਾਬ ਸਫਾਈ ਕਰਮਚਾਰੀ ਜਥੇਬੰਦੀ ਨਾਲ ਸਬੰਧਤ ਸਫਾਈ ਮਜ਼ਦੂਰ ਸੀਵਰਮੈਨ ਜਥੇਬੰਦੀ ਸਮੇਤ ਹੋਰਨਾਂ ਜਥੇਬੰਦੀਆਂ ਦੇ ਨੁਮਾਇੰਦੇ ਸ਼ਾਮਲ ਹੋਏ। ਕੈਬਨਿਟ ਮੰਤਰੀ ਨੇ ਉਨ੍ਹਾਂ ਦੀਆਂ ਮੰਗਾਂ ਨੂੰ ਧਿਆਨ ਨਾਲ ਸੁਣਿਆ ਅਤੇ ਉਨ੍ਹਾਂ ਦੀਆਂ ਜਾਇਜ਼ ਮੰਗਾਂ ਦੇ ਤੇਜ਼ੀ ਨਾਲ ਹੱਲ ਲਈ ਪੰਜਾਬ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਇਆ। ਇਸ ਮੌਕੇ ਵਿੱਤ ਮੰਤਰੀ ਨੇ ਸਥਾਨਕ ਸਰਕਾਰਾਂ ਵਿਭਾਗ ਦੇ ਅਧਿਕਾਰੀਆਂ ਨੂੰ ਸੀਵਰੇਜ ਬੋਰਡ ਵਿੱਚ ਅਸਾਮੀਆਂ ਦਾ ਵਿਸਥਾਰਿਤ ਰਿਕਾਰਡ ਤਿਆਰ ਕਰਨ ਦੇ ਨਾਲ-ਨਾਲ ਜੂਨੀਅਰ ਡਰਾਫਟਸਮੈਨ, ਕਲਰਕ, ਪੰਪ ਆਪਰੇਟਰਾਂ ਅਤੇ ਬੇਲਦਾਰਾਂ ਦੀਆਂ ਅਸਾਮੀਆਂ ਨੂੰ ਭਰਨ ਲਈ ਭਰਤੀ ਯੋਜਨਾ ਤਿਆਰ ਕਰਨ ਦੇ ਨਿਰਦੇਸ਼ ਵੀ ਦਿੱਤੇ ਤਾਂ ਜੋ ਜ਼ਮੀਨੀ ਪੱਧਰ 'ਤੇ ਕੰਮਕਾਜ ਨੂੰ ਸੁਚਾਰੂ ਬਣਾਇਆ ਜਾ ਸਕੇ।